Punjabi | ਪੰਜਾਬੀ

Department of Local Government, Industry Regulation and Safety

GOVERNMENT OF WESTERN AUSTRALIA

WorkSafe Western Australia

# ਹਵਾ ਵਿੱਚ ਮੌਜੂਦ ਪ੍ਰਦੂਸ਼ਕ ਤੱਤਾਂ ਦੇ ਆਲੇ-ਦੁਆਲੇ ਸੁਰੱਖਿਅਤ ਤਰੀਕੇ ਨਾਲ ਕੰਮ ਕਰਨਾ

## ਕੰਮ ਵਾਲੀ ਥਾਂ 'ਤੇ ਤੁਹਾਡੇ ਅਧਿਕਾਰ ਅਤੇ ਜ਼ਿੰਮੇਵਾਰੀਆਂ

ਕੰਮ ਕਰਨ ਦੀਆਂ ਪ੍ਰਕਿਰਿਆਵਾਂ ਕਾਰਨ ਹਵਾ ਵਿੱਚ ਧੂੰਆਂ, ਧੂੜ, ਗੈਸਾਂ, ਮਹੀਨ ਬੂੰਦਾਂ, ਰੇਸ਼ੇ ਜਾਂ ਭਾਫ਼ ਛੱਡੇ ਜਾ ਸਕਦੇ ਹਨ। ਇਨ੍ਹਾਂ ਨੂੰ ਹਵਾ ਵਿੱਚ ਮੌਜੂਦ ਪ੍ਰਦੂਸ਼ਕ ਕਿਹਾ ਜਾਂਦਾ ਹੈ, ਅਤੇ ਇਹ ਤੁਹਾਡੀ ਕੰਮ ਵਾਲੀ ਥਾਂ ਦੀ ਸਿਹਤ ਅਤੇ ਸੁਰੱਖਿਆ ਲਈ ਗੰਭੀਰ ਖ਼ਤਰਾ ਬਣ ਸਕਦੇ ਹਨ।

### ਇੱਕ ਕਰਮਚਾਰੀ ਵਜੋਂ ਤੁਹਾਡੇ ਅਧਿਕਾਰ

- ਹਵਾ ਵਿੱਚ ਮੌਜੂਦ ਪ੍ਰਦੂਸ਼ਕ ਤੱਤਾਂ ਦੇ ਸੰਪਰਕ ਤੋਂ ਸੁਰੱਖਿਅਤ ਰਹਿਣਾ
- ਹਵਾ ਵਿੱਚ ਮੌਜੂਦ ਪ੍ਰਦੂਸ਼ਕ ਤੱਤਾਂ ਨਾਲ ਸੰਬੰਧਿਤ ਸਿਹਤ ਅਤੇ ਸੁਰੱਖਿਆ ਮਾਮਲਿਆਂ ਬਾਰੇ ਸਲਾਹ-ਮਸ਼ਵਰਾ ਕੀਤਾ ਜਾਣਾ
- ਆਪਣਾ ਕੰਮ ਸੁਰੱਖਿਅਤ ਢੰਗ ਨਾਲ ਕਰਨ ਲਈ ਜਾਣਕਾਰੀ, ਸਿਖਲਾਈ ਅਤੇ ਹਿਦਾਇਤਾਂ ਪ੍ਰਾਪਤ ਕਰਨਾ
- ਜੇਕਰ ਹਵਾ ਵਿੱਚ ਮੌਜੂਦ ਪ੍ਰਦੂਸ਼ਕ ਤੱਤਾਂ ਦੇ ਸੰਪਰਕ ਕਾਰਨ ਸਿਹਤ ਅਤੇ ਸੁਰੱਖਿਆ ਲਈ ਗੰਭੀਰ ਖ਼ਤਰਾ ਹੋਵੇ, ਤਾਂ ਅਸੁਰੱਖਿਅਤ ਕੰਮ ਕਰਨ ਤੋਂ ਇਨਕਾਰ ਕਰਨਾ।

### ਇੱਕ ਕਰਮਚਾਰੀ ਵਜੋਂ ਤੁਹਾਡੀਆਂ ਜ਼ਿੰਮੇਵਾਰੀਆਂ

- ਆਪਣੀ ਸਿਹਤ ਅਤੇ ਸੁਰੱਖਿਆ ਦਾ ਵਾਜਬ ਧਿਆਨ ਰੱਖਣਾ
- ਇਹ ਯਕੀਨੀ ਬਣਾਉਣਾ ਕਿ ਤੁਹਾਡੇ ਕੰਮਾਂ ਕਾਰਨ ਹੋਰ ਲੋਕਾਂ ਨੂੰ ਨੁਕਸਾਨ ਨਾ ਪਹੁੰਚੇ
- ਵਾਜਬ ਹਿਦਾਇਤਾਂ, ਨੀਤੀਆਂ ਅਤੇ ਪ੍ਰਕਿਰਿਆਵਾਂ ਦੀ ਪਾਲਣਾ ਕਰਨਾ
- ਉਪਕਰਨਾਂ ਅਤੇ ਕਿਸੇ ਵੀ ਨਿੱਜੀ ਸੁਰੱਖਿਆ ਉਪਕਰਨ ਦੀ ਸਹੀ ਵਰਤੋਂ ਕਰਨਾ।

ਰੁਜ਼ਗਾਰਦਾਤਾਵਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕਰਮਚਾਰੀ ਅਤੇ ਕੰਮ ਵਾਲੀ ਥਾਂ 'ਤੇ ਮੌਜੂਦ ਹੋਰ ਲੋਕ ਹਵਾ ਵਿੱਚ ਮੌਜੂਦ ਪ੍ਰਦੂਸ਼ਕ ਤੱਤਾਂ ਦੇ ਉਸ ਪੱਧਰ ਦੇ ਸੰਪਰਕ ਵਿੱਚ ਨਾ ਆਉਣ ਜੋ ਕੰਮ ਵਾਲੀ ਥਾਂ 'ਤੇ ਹਾਨੀਕਾਰਕ ਪਦਾਰਥਾਂ ਦੇ ਸੰਪਰਕ ਦੀਆਂ ਸੀਮਾਵਾਂ ਤੋਂ ਵੱਧ ਹੋਵੇ।

WES » WEL

ਹੋਰ ਜਾਣਨ ਲਈ ਇਸ QR ਕੋਡ ਨੂੰ ਸਕੈਨ ਕਰੋ, ਜਾਂ **www.worksafe.wa.gov.au/airborne-contaminants** 'ਤੇ ਜਾਓ।

WSApr26_1584J